**ਜੀਅਹੁ ਨਿਰਮਲ ਬਾਹਰਹੁ ਨਿਰਮਲ ॥ ਬਾਹਰਹੁ ਤ ਨਿਰਮਲ ਜੀਅਹੁ ਨਿਰਮਲ ਸਤਿਗੁਰ ਤੇ ਕਰਣੀ ਕਮਾਣੀ ॥ ਕੂੜ ਕੀ ਸੋਇ ਪਹੁਚੈ ਨਾਹੀ ਮਨਸਾ ਸਚਿ ਸਮਾਣੀ ॥ ਜਨਮੁ ਰਤਨੁ ਜਿਨੀ ਖਟਿਆ ਭਲੇ ਸੇ ਵਣਜਾਰੇ ॥ ਕਹੈ ਨਾਨਕੁ ਜਿਨ ਮੰਨੁ ਨਿਰਮਲੁ ਸਦਾ ਰਹਹਿ ਗੁਰ ਨਾਲੇ ॥੨੦॥** {ਪੰਨਾ 919}

ਪਦਅਰਥ:- ਸਤਿਗੁਰ ਤੇ—ਗੁਰੂ ਤੋਂ (ਮਿਲੀ ਹੋਈ), ਜਿਸ ਦਾ ਉਪਦੇਸ਼ ਗੁਰੂ ਤੋਂ ਮਿਲਿਆ ਹੈ। ਕਰਣੀ—ਆਚਰਨ, ਕਰਨ-ਜੋਗ ਕੰਮ। ਕਮਾਣੀ—ਕਮਾਈ ਹੈ। ਕੂੜ—ਮਾਇਆ ਦਾ ਮੋਹ। ਸੋਇ—ਖ਼ਬਰ। ਮਨਸਾ—ਮਨ ਦਾ ਫੁਰਨਾ, ਮਨ ਵਿਚ ਮਾਇਆ ਦੇ ਮੋਹ ਦਾ ਫੁਰਨਾ। ਸਚਿ—ਪ੍ਰਭੂ ਦੇ ਸਿਮਰਨ ਵਿਚ। ਵਣਜਾਰੇ—(ਜਗਤ ਵਿਚ ਭਗਤੀ ਦਾ) ਵਣਜ ਕਰਨ ਆਏ ਬੰਦੇ। ਮੰਨੁ—ਮਨ।

ਅਰਥ:- ਜੋ ਬੰਦੇ (ਆਚਰਨ-ਉਸਾਰੀ ਦੀ) ਉਹ ਕਮਾਈ ਕਰਦੇ ਹਨ ਜਿਸ ਦੀ ਹਿਦਾਇਤ ਗੁਰੂ ਤੋਂ ਮਿਲਦੀ ਹੈ, ਉਹ ਮਨੋਂ ਭੀ ਪਵਿਤ੍ਰ ਹੁੰਦੇ ਹਨ, ਤੇ ਬਾਹਰੋਂ ਭੀ ਪਵਿਤ੍ਰ ਹੁੰਦੇ ਹਨ (ਭਾਵ, ਉਹਨਾਂ ਦਾ ਜਗਤ ਨਾਲ ਵਰਤਾਰਾ ਭੀ ਸੁਚੱਜਾ ਹੁੰਦਾ ਹੈ), ਉਹ ਬਾਹਰੋਂ ਭੀ ਪਵਿਤ੍ਰ ਤੇ ਅੰਦਰੋਂ ਭੀ ਸੁੱਚੇ ਰਹਿੰਦੇ ਹਨ। ਉਹਨਾਂ ਦੇ ਮਨ ਦਾ ਮਾਇਕ ਫੁਰਨਾ ਸਿਮਰਨ ਵਿਚ ਹੀ ਮੁੱਕ ਜਾਂਦਾ ਹੈ, (ਉਹਨਾਂ ਦੇ ਅੰਦਰ ਇਤਨਾ ਆਤਮਕ ਆਨੰਦ ਬਣਦਾ ਹੈ ਕਿ) ਮਾਇਆ ਦੇ ਮੋਹ ਦੀ ਖ਼ਬਰ ਤਕ ਉਹਨਾਂ ਦੇ ਮਨ ਤਕ ਨਹੀਂ ਪਹੁੰਚਦੀ।

(ਜੀਵ ਜਗਤ ਵਿਚ ਆਤਮਕ ਆਨੰਦ ਦਾ ਵੱਖਰ ਵਿਹਾਝਣ ਆਏ ਹਨ) ਉਹੀ ਜੀਵ-ਵਪਾਰੀ ਚੰਗੇ ਕਹੇ ਜਾਂਦੇ ਹਨ ਜਿਨ੍ਹਾਂ ਨੇ (ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਨਾਮ-ਕਮਾਈ ਕਰ ਕੇ) ਸ੍ਰੇਸ਼ਟ ਮਨੁੱਖਾ ਜਨਮ ਸਫਲਾ ਕਰ ਲਿਆ।

ਨਾਨਕ ਆਖਦਾ ਹੈ—ਜਿਨ੍ਹਾਂ ਬੰਦਿਆਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ (ਜਿਨ੍ਹਾਂ ਦੇ ਅੰਦਰ ਆਤਮਕ ਆਨੰਦ ਬਣ ਜਾਂਦਾ ਹੈ) ਉਹ (ਅੰਤਰ ਆਤਮੇ) ਸਦਾ ਗੁਰੂ ਦੇ ਚਰਨਾਂ ਵਿਚ ਰਹਿੰਦੇ ਹਨ। 20।

ਭਾਵ:- ਮਨੁੱਖ ਜਗਤ ਵਿਚ ਆਤਮਕ ਆਨੰਦ ਦਾ ਵੱਖਰ ਵਿਹਾਝਣ ਆਉਂਦਾ ਹੈ। ਜਿਹੜਾ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ, ਮਾਇਆ ਦਾ ਮੋਹ ਉਸ ਦੇ ਨੇੜੇ ਨਹੀਂ ਢੁਕਦਾ। ਉਸ ਦਾ ਮਨ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ, ਬਾਹਰ ਦੁਨੀਆ ਨਾਲ ਭੀ ਉਸ ਦਾ ਵਰਤਾਰਾ ਸੁਚੱਜਾ ਹੁੰਦਾ ਹੈ। ਉਸ ਦੀ ਜ਼ਿੰਦਗੀ ਕਾਮਯਾਬ ਸਮਝੋ।